# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 13-06-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਵੇਰੇ ਗੁਜਰਾਤ ਦੇ ਅਹਿਮਦਾਬਾਦ ਸਿਵਲ ਹਸਪਤਾਲ ਦਾ ਦੌਰਾ ਕੀਤਾ ਅਤੇ ਏਅਰ ਇੰਡੀਆ ਜਹਾਜ਼ ਹਾਦਸੇ ਦੇ ਜ਼ਖਮੀਆਂ ਨਾਲ ਮੁਲਾਕਾਤ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਪੂਰਾ ਦੇਸ਼ ਅਹਿਮਦਾਬਾਦ ਵਿੱਚ ਹੋਏ ਹਵਾਈ ਹਾਦਸੇ ਤੋਂ ਹੈਰਾਨ ਏ। ਉਨ੍ਹਾਂ ਕਿਹਾ ਕਿ ਦਿਲ ਦਹਿਲਾ ਦੇਣ ਵਾਲੇ ਢੰਗ ਨਾਲ ਅਚਾਨਕ ਇੰਨੇ ਲੋਕਾਂ ਦੀ ਮੌਤ ਬਹੁਤ ਦੁਖਦਾਈ ਏ। ਉਨ੍ਹਾਂ ਨੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ। ਪ੍ਰਧਾਨ ਮੰਤਰੀ ਨੇ ਹਾਦਸੇ ਵਿਚ ਬਚੇ ਇਕੋ ਇਕ ਮਸਾਫਰ ਭਾਰਤੀ ਮੂਲ ਦੇ ਬ੍ਰਿਟਿਸ਼ ਨਾਗਰਿਕ ਵਿਸ਼ਵਾਸ ਕੁਮਾਰ ਰਮੇਸ਼ ਨਾਲ ਹਸਪਤਾਲ ਵਿਚ ਮੁਲਾਕਾਤ ਕੀਤੀ। ਵਿਸ਼ਵਾਸ ਨੇ ਪ੍ਰਧਾਨ ਮੰਤਰੀ ਨਾਲ ਹਾਦਸੇ ਨਾਲ ਸਬੰਧਤ ਆਪਣੇ ਤਜਰਬੇ ਸਾਂਝੇ ਕੀਤੇ। ਸ਼੍ਰੀ ਮੋਦੀ ਨੇ ਹਾਦਸੇ ਵਾਲੀ ਥਾਂ ਦਾ ਵੀ ਦੌਰਾ ਕੀਤਾ ਅਤੇ ਉੱਥੇ ਬਚਾਅ ਕਾਰਜਾਂ ਵਿੱਚ ਲੱਗੇ ਅਧਿਕਾਰੀਆਂ ਅਤੇ ਹੋਰਾਂ ਨਾਲ ਮੁਲਾਕਾਤ ਕਰਕੇ ਸਥਿਤੀ ਦਾ

ਜਾਇਜ਼ਾ ਲਿਆ। ਬਾਅਦ ਵਿੱਚ, ਪ੍ਰਧਾਨ ਮੰਤਰੀ ਨੇ ਅਹਿਮਦਾਬਾਦ ਵਿੱਚ ਅਧਿਕਾਰੀਆਂ ਨਾਲ ਇੱਕ ਸਮੀਖਿਆ ਮੀਟਿੰਗ ਕੀਤੀ। ਉਨ੍ਹਾਂ ਨੇ ਹਾਦਸੇ ਵਿੱਚ ਮਾਰੇ ਗਏ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਵਿਜੇ ਰੂਪਾਨੀ ਦੇ ਪਰਿਵਾਰਕ ਮੈਂਬਰਾਂ ਨਾਲ ਵੀ ਮੁਲਾਕਾਤ ਕੀਤੀ।

------------------------------------------------------------------------

ਜਹਾਜ਼ ਹਾਦਸੇ ਬਾਰੇ ਜਾਂਚ ਬਿਊਰੋ ਨੇ ਅਹਿਮਦਾਬਾਦ ਵਿੱਚ ਏਅਰ ਇੰਡੀਆ ਦੇ ਜਹਾਜ਼ ਹਾਦਸੇ ਦੀ ਰਸਮੀ ਜਾਂਚ ਸ਼ੁਰੂ ਕਰ ਦਿੱਤੀ ਏ । ਸ਼ਹਿਰੀ ਹਵਾਬਾਜ਼ੀ ਮੰਤਰੀ ਰਾਮ ਮੋਹਨ ਨਾਇਡੂ ਨੇ ਕਿਹਾ ਕਿ ਜਾਂਚ ਅੰਤਰ-ਰਾਸ਼ਟਰੀ ਸ਼ਹਿਰੀ ਹਵਾਬਾਜ਼ੀ ਸੰਗਠਨ ਦੀ ਨਿਰਧਾਰਤ ਪ੍ਰਕਿਰਿਆ ਅਨੁਸਾਰ ਕੀਤੀ ਜਾਵੇਗੀ । ਸ਼੍ਰੀ ਨਾਇਡੂ ਨੇ ਕਿਹਾ ਕਿ ਸਰਕਾਰ ਇਸ ਮਾਮਲੇ ਦੀ ਵਿਸਥਾਰ ਨਾਲ ਜਾਂਚ ਕਰਨ ਲਈ ਵੱਖ-ਵੱਖ ਖੇਤਰਾਂ ਦੇ ਮਾਹਿਰਾਂ ਦੀ ਇੱਕ ਕਮੇਟੀ ਬਣਾ ਰਹੀ ਏ । ਇਹ ਕਮੇਟੀ ਉਡਾਣ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਭਵਿੱਖ ਵਿੱਚ ਅਜਿਹੇ ਹਾਦਸਿਆਂ ਨੂੰ ਰੋਕਣ ਲਈ ਉਪਾਵਾਂ 'ਤੇ ਵਿਚਾਰ ਕਰੇਗੀ। ਏਅਰ ਇੰਡੀਆ ਨੇ ਪੁਸ਼ਟੀ ਕੀਤੀ ਏ ਕਿ ਅਹਿਮਦਾਬਾਦ ਤੋਂ ਲੰਡਨ ਜਾ ਰਹੇ ਜਹਾਜ਼ ਦੇ ਹਾਦਸੇ ਵਿੱਚ 241 ਲੋਕਾਂ ਦੀ ਮੌਤ ਹੋ ਗਈ ਏ । ਕੱਲ੍ਹ ਦੁਪਹਿਰ ਇਕ ਵੱਜਕੇ 49 ਮਿੰਟ  ਅਹਿਮਦਾਬਾਦ ਹਵਾਈ ਅੱਡੇ ਤੋਂ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਜਹਾਜ਼ ਹਾਦਸਾ-ਗ੍ਰਸਤ ਹੋ ਗਿਆ ਸੀ । ਗ੍ਰਹਿ ਮੰਤਰੀ

ਅਮਿਤ ਸ਼ਾਹ ਨੇ ਕੱਲ੍ਹ ਅਹਿਮਦਾਬਾਦ ਵਿੱਚ ਹਾਦਸੇ ਵਾਲੀ ਥਾਂ ਦਾ ਦੌਰਾ ਕੀਤਾ। ਉਨ੍ਹਾਂ ਨੇ ਰਾਹਤ ਅਤੇ ਬਚਾਅ ਕਾਰਜਾਂ ਦੀ ਸਮੀਖਿਆ ਕਰਨ ਲਈ ਸਿਵਲ ਹਵਾਬਾਜ਼ੀ ਮੰਤਰੀ ਰਾਮ ਮੋਹਨ ਨਾਇਡੂ, ਗੁਜਰਾਤ ਦੇ ਮੁੱਖ ਮੰਤਰੀ ਭੂਪੇਂਦਰ ਪਟੇਲ ਅਤੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਮੀਟਿੰਗ ਤੋਂ ਬਾਅਦ, ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਪੱਤਰਕਾਰਾਂ ਨੂੰ ਦੱਸਿਆ ।

---------------------------------------------------------------------------

ਰਾਸ਼ਟਰੀ ਜਾਂਚ ਏਜੰਸੀ-NIA ਨੇ ਅੰਮ੍ਰਿਤਸਰ ਪੁਲਿਸ ਚੌਕੀ ਗ੍ਰਨੇਡ ਹਮਲੇ ਦੇ ਸਬੰਧ ਵਿੱਚ ਪੰਜਾਬ ਅਤੇ ਹਰਿਆਣਾ ਵਿੱਚ ਦਹਿਸ਼ਤਗਰਦੀ ਸੰਗਠਨ ਬੱਬਰ ਖਾਲਸਾ ਇੰਟਰਨੈਸ਼ਨਲ ਨਾਲ ਜੁੜੇ ਵੱਖ-ਵੱਖ ਸਥਾਨਾਂ 'ਤੇ ਛਾਪੇਮਾਰੀ ਕੀਤੀ ਏ । NIA ਨੇ ਕਿਹਾ ਕਿ ਕੱਲ੍ਹ ਪੰਜਾਬ ਦੇ ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ, ਪਠਾਨਕੋਟ, ਕਪੂਰਥਲਾ ਅਤੇ ਰੂਪਨਗਰ ਅਤੇ ਹਰਿਆਣਾ ਦੇ ਸਿਰਸਾ ਵਿੱਚ ਪੰਦਰਾਂ ਥਾਵਾਂ 'ਤੇ ਤਲਾਸ਼ੀ ਲਈ ਗਈ। ਤਲਾਸ਼ੀ ਦੌਰਾਨ ਮੋਬਾਈਲ ਫੋਨ, ਡਿਜੀਟਲ ਉਪਕਰਨ ਅਤੇ ਦਸਤਾਵੇਜ਼ਾਂ ਸਮੇਤ ਕਈ ਅਪਰਾਧਕ ਸਮੱਗਰੀ ਜ਼ਬਤ ਕੀਤੀ ਗਈ। ਇਨ੍ਹਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਏ । ਗੁਮ-ਟਾਲਾ ਪੁਲਿਸ ਚੌਕੀ 'ਤੇ ਇਹ ਹਮਲਾ ਹਾਲ ਹੀ ਵਿੱਚ ਪੰਜਾਬ ਅਤੇ ਹਰਿਆਣਾ ਵਿੱਚ ਕਾਨੂੰਨ ਲਾਗੂ ਕਰਨ ਵਾਲੇ ਅਦਾਰਿਆਂ ਨੂੰ ਨਿਸ਼ਾਨਾ ਬਣਾ ਕੇ ਬੱਬਰ

ਖਾਲਸਾ ਇੰਟਰਨੈਸ਼ਨਲ ਵੱਲੋਂ ਕੀਤੇ ਗਏ ਹਮਲਿਆਂ ਦੀ ਲੜੀ ਦਾ ਹਿੱਸਾ ਏ । ਇਸ ਦਹਿਸ਼ਤਗਰਦੀ ਸੰਗਠਨ ਦੇ ਇੱਕ ਵਿਦੇਸ਼ੀ ਸੰਚਾਲਕ ਹੈਪੀ ਪਾਸੀਆਂ ਨੇ ਇਸ ਹਮਲੇ ਦੀ ਜ਼ਿੰਮੇਵਾਰੀ ਲਈ ਸੀ । NIA ਨੇ ਕਿਹਾ ਕਿ ਹਮਲੇ ਲਈ ਵਿਸਫੋਟਕ ਅਤੇ ਵਿੱਤੀ ਸਹਾਇਤਾ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਸਰਵਣ ਸਿੰਘ ਦੁਆਰਾ ਬੱਗਾ ਸਿੰਘ ਅਤੇ ਮਨਦੀਪ ਸਿੰਘ ਨੂੰ ਪ੍ਰਦਾਨ ਕੀਤੀ ਗਈ ਸੀ। ਬੱਗਾ ਨੂੰ ਇਸ ਸਾਲ ਫਰਵਰੀ ਵਿੱਚ ਪੰਜਾਬ ਪੁਲਿਸ ਨੇ ਗ੍ਰਿਫ਼ਤਾਰ ਕੀਤਾ ਸੀ ਜਦੋਂ ਕਿ ਮਨਦੀਪ ਸਿੰਘ ਅਜੇ ਵੀ ਫਰਾਰ ਏ ।

-------------------------------------------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਫਾਰਮਾ ਕੰਪਨੀ ਮੈਸਰਜ਼ ਕੈਪਟੈਬ ਬਾਇਓਟੈਕ, ਸੋਲਨ ਵੱਲੋਂ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਨੂੰ ਘਟੀਆ ਦਰਜੇ ਦੀ ਆਈ.ਵੀ ਫਲਿਊਡ ਸਪਲਾਈ ਕਰਨ ਦੇ ਦੋਸ਼ ਹੇਠ ਇਸ ਕੰਪਨੀ ਖਿਲਾਫ ਸਖ਼ਤ ਕਾਰਵਾਈ ਦਾ ਐਲਾਨ ਕੀਤਾ ਏ । ਕੱਲ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਿਹਤ ਮੰਤਰੀ ਨੇ ਦੱਸਿਆ ਕਿ ਕੰਪਨੀ ‘ਤੇ ਪੰਜਾਬ ਸਰਕਾਰ ਦੇ ਕਿਸੇ ਵੀ ਟੈਂਡਰ ਵਿੱਚ ਹਿੱਸਾ ਲੈਣ ਤੋਂ ਤਿੰਨ ਸਾਲਾਂ ਲਈ ਰੋਕ ਲਗਾ ਦਿੱਤੀ ਗਈ ਏ । ਇਸ ਤੋਂ ਇਲਾਵਾ ਕਾਰਪੋਰੇਸ਼ਨ ਨੂੰ ਸਪਲਾਈ ਕੀਤੀਆਂ ਜਾ ਰਹੀਆਂ 11 ਵਸਤੂਆਂ ਦੀ

ਕੀਮਤ ਸਬੰਧੀ ਸਾਰੇ ਕੰਟਰੈਕਟ ਵੀ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤੇ ਗਏ ਨੇ।

---------------------------------------------------------------

ਪੰਜਾਬ ਦੇ ਕਈ ਹਿੱਸਿਆਂ ਵਿੱਚ ਅੱਜ ਅੱਤ ਦੀ ਗਰਮੀ ਨੂੰ ਲੈਕੇ ਰੈੱਡ ਅਲਰਟ ਅਤੇ ਆਉਣ ਵਾਲੇ ਕੁਝ ਦਿਨਾਂ ਲਈ ਓਰੇਂਗ ਅਲਰਟ ਜਾਰੀ ਕੀਤਾ ਗਿਆ ਏ । ਸੂਬੇ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਗਰਮੀ ਦੀ ਲਹਿਰ ਦੀ ਸਥਿਤੀ ਬਣੀ ਹੋਈ ਏ। ਹਾਲਾਂਕਿ ਕੱਲ੍ਹ ਸੂਬੇ ਭਰ ਵਿੱਚ ਵੱਧ ਤੋਂ ਵੱਧ ਤਾਪਮਾਨ 39 ਤੋਂ 46 ਡਿਗਰੀ ਸੈਲਸੀਅਸ ਦੇ ਵਿਚਕਾਰ ਦਰਜ ਕੀਤਾ ਗਿਆ ਸੀ, ਪਰ ਅੱਜ ਸਵੇਰੇ ਘੱਟੋ-ਘੱਟ ਤਾਪਮਾਨ 28 ਡਿਗਰੀ ਸੈਲਸੀਅਸ ਤੋਂ 32 ਡਿਗਰੀ ਸੈਲਸੀਅਸ ਤੋਂ ਵੱਧ ਦਰਜ ਕੀਤਾ ਗਿਆ। ਚੰਡੀਗੜ੍ਹ ਵਿੱਚ ਅੱਜ ਘੱਟੋ-ਘੱਟ ਤਾਪਮਾਨ 32.7 ਡਿਗਰੀ ਰਿਹਾ। ਓਧਰ ਬਠਿੰਡਾ 46.8 ਡਿਗਰੀ ਸੈਲਸੀਅਸ ਨਾਲ ਸੂਬੇ ਵਿੱਚ ਸਭ ਤੋਂ ਗਰਮ ਜ਼ਿਲਾ ਰਿਹਾ, ਕੱਲ੍ਹ ਉਦਯੋਗਿਕ ਸ਼ਹਿਰ ਲੁਧਿਆਣਾ 45 ਡਿਗਰੀ ਤੋਂ ਵੱਧ ਤਾਪਮਾਨ ਨਾਲ ਦੂਜੇ ਸਥਾਨ 'ਤੇ ਰਿਹਾ। ਫਾਜ਼ਿਲਕਾ, ਫਰੀਦਕੋਟ, ਫਿਰੋਜ਼ਪੁਰ ਵਿੱਚ ਤਾਪਮਾਨ 44 ਡਿਗਰੀ ਸੈਲਸੀਅਸ ਤੋਂ ਵੱਧ ਦਰਜ ਕੀਤਾ ਗਿਆ ਜਦੋਂ ਕਿ ਬਾਕੀ ਥਾਵਾਂ 'ਤੇ ਤਾਪਮਾਨ 39 ਤੋਂ 43 ਡਿਗਰੀ ਸੈਲਸੀਅਸ ਦੇ ਵਿਚਕਾਰ ਰਿਹਾ। ਲੋਕਾਂ ਨੂੰ ਪਾਣੀ ਪੀਂਦੇ ਰਹਿਣ ਰਹਿਣ, ਗਰਮੀ ਦੇ ਸਿਖਰ ਦੇ ਘੰਟਿਆਂ ਦੌਰਾਨ

ਘਰ ਦੇ ਅੰਦਰ ਰਹਿਣ ਅਤੇ  ਲੰਬੇ ਸਮੇਂ ਲਈ ਧੁੱਪ ਵਿਚ ਨਾ ਜਾਣ ਦੀ ਸਲਾਹ ਦਿੱਤੀ ਗਈ ਏ। ਹਾਲਾਂਕਿ, 15 ਜੂਨ ਤੋਂ ਚੱਲ ਰਹੇ ਗਰਮ ਮੌਸਮ ਦੇ ਹਾਲਾਤ ਤੋਂ ਥੋੜ੍ਹੀ ਰਾਹਤ ਮਿਲਣ ਦੀ ਸੰਭਾਵਨਾ ਏ।